# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 12-03-2025**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਦੇਸ਼ ਦੇ ਸਮਾਵੇਸ਼ੀ ਅਤੇ ਨਿਰੰਤਰ ਰਹਿਣ ਯੋਗ ਵਿਕਾਸ ਲਈ ਸਮਾਜ ਦੇ ਪਛੜੇ ਅਤੇ ਥੁੜਾਂ ਦਾ ਸਾਹਮਣਾ ਕਰ ਰਹੇ ਵਰਗਾਂ ਨੂੰ ਉਪਰ ਉਠਾਉਣ'ਤੇ ਜ਼ੋਰ ਦਿੱਤਾ। ਚੰਡੀਗੜ੍ਹ ਵਿਖੇ ਪੰਜਾਬ ਯੂਨੀਵਰਸਿਟੀ, ਦੇ 72ਵੇਂ ਕਨਵੋਕੇਸ਼ਨ ਦੀ ਪ੍ਰਧਾਨਗੀ ਕਰਦੇ ਹੋਏ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ- BYTE ਰਾਸ਼ਟਰਪਤੀ ਨੇ ਕਿਹਾ ਕਿ ਵਿਦਿਆਰਥੀਆਂ ਵਿੱਚ ਸੰਵੇਦਨਸ਼ੀਲਤਾ ਅਤੇ ਰਾਸ਼ਟਰ ਪ੍ਰਤੀ ਪਿਆਰ ਦੀ ਭਾਵਨਾ ਹੋਣੀ ਚਾਹੀਦੀ ਏ । ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ, ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਸਕਾਰਾਤਮਕ ਸੋਚ ਰੱਖਣੀ ਚਾਹੀਦੀ ਏ ਅਤੇ ਭਵਿੱਖ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਤਿਆਰ ਰਹਿਣ ਲਈ

ਉੱਭਰਦੀਆਂ ਤਕਨਾਲੋਜੀਆਂ ਤੋਂ ਜਾਣੂ ਹੋਣਾ ਚਾਹੀਦਾ ਏ। ਉਨ੍ਹਾਂ ਯੂਨੀਵਰਸਿਟੀ ਦੀਆਂ ਪ੍ਰਾਪਤੀਆਂ ਲਈ ਉਨ੍ਹਾਂ ਦੀ ਸ਼ਲਾਘਾ ਕੀਤੀ। ਰਾਸ਼ਟਰਪਤੀ ਨੇ ਪ੍ਰਸਿੱਧ ਗਣਿਤ ਵਿਗਿਆਨੀ Dr. R.J. Hans-Gill, ਨੂੰ ਸਨਮਾਨਿਤ ਕੀਤਾ, ਅਤੇ ਸਮਾਜ ਸੇਵੀ ਨਿਵੇਦਿਤਾ ਰਘੂਨਾਥ ਭਿਡੇ ਨੂੰ ਆਨਰੇਰੀ ਡਿਗਰੀਆਂ ਪ੍ਰਦਾਨ ਕੀਤੀਆਂ ਗਈਆਂ। ਇਸ ਤੋਂ ਇਲਾਵਾ ਕਈ ਨਾਮਵਰ ਸ਼ਖਸੀਅਤਾਂ ਨੂੰ ਆਪੋ-ਆਪਣੇ ਖੇਤਰਾਂ ਵਿੱਚ ਪਾਏ ਮਹੱਤਵਪੂਰਨ ਯੋਗਦਾਨ ਲਈ ਸਨਮਾਨਿਤ ਕੀਤਾ ਗਿਆ। ਡਾ: ਗੁਰਤੇਜ ਸਿੰਘ ਸੰਧੂ ਨੂੰ ਵਿਗਿਆਨ ਰਤਨ, ਡਾ: ਹਰਮੋਹਿੰਦਰ ਸਿੰਘ ਬੇਦੀ ਨੂੰ ਸਾਹਿਤ ਰਤਨ, ਡਾ: ਪੁਸ਼ਵਿੰਦਰ ਜੀਤ ਸਿੰਘ ਨੂੰ ਉਦਯੋਗ ਰਤਨ ਅਤੇ ਡਾ: ਜਸਪਿੰਦਰ ਨਰੂਲਾ ਨੂੰ ਕਲਾ ਰਤਨ ਨਾਲ ਸਨਮਾਨਿਤ ਕੀਤਾ ਗਿਆ | ਰਾਸ਼ਟਰਪਤੀ ਨੇ ਸ਼੍ਰੀਮਤੀ ਮਨੂ ਭਾਕਰ ਨੂੰ ਖੇਡ ਰਤਨ ਨਾਲ ਸਨਮਾਨਿਤ ਕੀਤਾ। ਇਸ ਮੌਕੇ ਹਰਿਆਣਾ ਦੇ ਰਾਜਪਾਲ ਬੰਡਾਰੂ ਦੱਤਾਤ੍ਰੇਅ, ਪੰਜਾਬ ਦੇ ਰਾਜਪਾਲ ਬਨਵਾਰੀ ਲਾਲ ਪੁਰੋਹਿਤ, ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਅਤੇ ਹੋਰ ਪਤਵੰਤੇ ਵੀ ਹਾਜ਼ਿਰ ਸਨ.

-----------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਇਤਿਹਾਸਕ ਦਾਂਡੀ ਮਾਰਚ ਵਿੱਚ ਹਿੱਸਾ ਲੈਣ ਵਾਲੇ ਸਾਰੇ ਲੋਕਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ੍ਰੀ ਮੋਦੀ ਨੇ ਕਿਹਾ ਕਿ ਮਹਾਤਮਾ ਗਾਂਧੀ ਦੀ ਅਗਵਾਈ ਵਾਲੇ ਮਾਰਚ ਨੇ ਸਵੈ-ਨਿਰਭਰਤਾ ਅਤੇ ਆਜ਼ਾਦੀ ਲਈ ਇੱਕ ਦੇਸ਼ ਵਿਆਪੀ ਲਹਿਰ ਨੂੰ ਜਗਾਇਆ। ਪ੍ਰਧਾਨ ਮੰਤਰੀ ਨੇ ਅੱਗੇ ਕਿਹਾ ਕਿ ਦਾਂਡੀ ਮਾਰਚ ਵਿੱਚ ਹਿੱਸਾ ਲੈਣ ਵਾਲੇ ਸਾਰੇ ਲੋਕਾਂ ਦੀ ਹਿੰਮਤ, ਕੁਰਬਾਨੀ ਅਤੇ ਸੱਚਾਈ ਅਤੇ ਅਹਿੰਸਾ ਪ੍ਰਤੀ ਅਟੁੱਟ ਵਚਨਬੱਧਤਾ ਪੀੜ੍ਹੀਆਂ ਨੂੰ ਪ੍ਰੇਰਿਤ ਕਰਦੀ ਰਹੇਗੀ।

-----------------------------------------

ਕੇਂਦਰ ਸਰਕਾਰ ਨੇ ਬੀਤੇ ਕੱਲ੍ਹ ਨੂੰ ਦੱਖਣ-ਪੂਰਬੀ ਏਸ਼ੀਆ ਦੇ ਸਾਈਬਰ ਅਪਰਾਧ ਕੇਂਦਰਾਂ ਤੋਂ ਰਿਹਾਅ ਹੋਣ ਤੋਂ ਬਾਅਦ ਭਾਰਤੀ ਹਵਾਈ ਫੌਜ ਦੇ ਜਹਾਜ਼ ਰਾਹੀਂ 266 ਭਾਰਤੀਆਂ ਦੀ ਸੁਰੱਖਿਅਤ ਵਾਪਸੀ ਦਾ ਪ੍ਰਬੰਧ ਕੀਤਾ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਵਿਦੇਸ਼ ਮੰਤਰਾਲੇ ਦੇ ਬੁਲਾਰੇ, ਰਣਧੀਰ ਜੈਸਵਾਲ ਨੇ ਕਿਹਾ ਕਿ ਭਾਰਤੀ ਦੂਤਘਰ ਨੇ ਮਯਾਮਾਂ ਅਤੇ ਥਾਈਲੈਂਡ ਦੀਆਂ ਸਰਕਾਰਾਂ ਦੇ ਸਹਿਯੋਗ ਨਾਲ ਇਨ੍ਹਾਂ ਦੀ

ਸੁਰੱਖਿਅਤ ਰਿਹਾਈ ਅਤੇ ਵਾਪਸੀ ਨੂੰ ਸੁਵਿਧਾਜਨਕ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਏ।

---------------------------------------------------

ਪੰਜਾਬ ਵਿੱਚ ਰਾਸ਼ਟਰੀ ਜਾਂਚ ਏਜੰਸੀ (ਐਨਆਈਏ) ਦੀ ਮੋਹਾਲੀ ਸਥਿਤ ਵਿਸ਼ੇਸ਼ ਅਦਾਲਤ ਨੇ ਸਾਲ 2019 ਵਿੱਚ ਪੰਜਾਬ ਦੇ ਤਰਨਤਾਰਨ ਵਿੱਚ ਡਰੋਨ ਰਾਹੀਂ ਵਿਸਫੋਟਕ ਅਤੇ ਹਥਿਆਰ ਸੁੱਟਣ ਦੇ ਦੋਸ਼ ਵਿੱਚ ਨੌਂ ਦੋਸ਼ੀਆਂ ਨੂੰ ਕੈਦ ਦੀ ਸਜ਼ਾ ਸੁਣਾਈ ਏ। ਦੋਸ਼ੀ ਪਾਬੰਦੀਸ਼ੁਦਾ ਦਹਿਸ਼ਦਗਰਦ ਸੰਗਠਨ-ਖਾਲਿਸਤਾਨ ਜ਼ਿੰਦਾਬਾਦ ਫੋਰਸ ਨਾਲ ਜੁੜੇ ਹੋਏ ਨੇ। ਡਰੋਨ ਨਾਲ ਹਥਿਆਰ ਸੁੱਟਣ ਦੀ ਕਾਰਵਾਈ ਜਰਮਨੀ ਸਥਿਤ ਦਹਿਸ਼ਦਗਰਦ ਗੁਰਮੀਤ ਸਿੰਘ ਬੱਗਾ ਅਤੇ ਪਾਕਿਸਤਾਨ ਸਥਿਤ ਦਹਿਸ਼ਦਗਰਦ ਰਣਜੀਤ ਸਿੰਘ ਨੀਟਾ ਦੇ ਇਸ਼ਾਰੇ ਤੇ ਕੀਤੀ ਗਈ ਸੀ। ਐਨਆਈਏ ਨੇ ਅਕਤੂਬਰ 2019 ਵਿੱਚ ਅੰਮ੍ਰਿਤਸਰ ਪੁਲਿਸ ਤੋਂ ਇਹ ਮਾਮਲਾ ਆਪਣੇ ਕਬਜ਼ੇ ਵਿੱਚ ਲੈ ਲਿਆ ਸੀ। ਇਸ ਮਾਮਲੇ ਵਿੱਚ ਛੇ ਦੋਸ਼ੀਆਂ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਗਈ ਏ ਅਤੇ ਜੁਰਮਾਨਾ ਲਾਇਆ ਗਿਆ ਏ ਅਤੇ ਤਿੰਨ ਹੋਰਨਾ ਨੂੰ 10 ਸਾਲ ਦੀ ਸਖ਼ਤ ਕੈਦ ਦੀ ਸਜ਼ਾ ਦਿੱਤੀ ਗਈ ਏ ਅਤੇ ਜੁਰਮਾਨਾ ਲਾਇਆ ਗਿਆ ਏ । ਜਾਂਚ ਏਜੰਸੀ ਨੇ ਕਿਹਾ ਕਿ ਇਸ ਪੂਰੀ ਸਾਜ਼ਿਸ਼ ਦਾ ਉਦੇਸ਼ ਦੇਸ਼ ਦੀ ਸ਼ਾਂਤੀ ਨੂੰ ਭੰਗ ਕਰਨਾ ਅਤੇ ਪੰਜਾਬ ਵਿੱਚ ਅੱਤਵਾਦੀ ਹਮਲਾ ਕਰਨਾ ਸੀ।

---------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅਧਿਕਾਰੀਆਂ ਨੂੰ ਸ਼ਹੀਦ ਊਧਮ ਸਿੰਘ ਸਟੇਟ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ ਐਂਡ ਸਿਵਲ ਹਸਪਤਾਲ ਦੇ ਨਿਰਮਾਣ ਵਿੱਚ ਤੇਜ਼ੀ ਲਿਆਉਣ ਅਤੇ ਇਸ ਨੂੰ ਸਮੇਂ ਸਿਰ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ ਨੇ।ਚੰਡੀਗੜ੍ਹ ਵਿਖੇ ਇਕ ਮੀਟਿੰਗ ਵਿਚ ਇੰਸਟੀਚਿਊਟ ਤੇ ਸਿਵਲ ਹਸਪਤਾਲ ਦੇ ਨਿਰਮਾਣ ਦੀ ਪ੍ਰਗਤੀ ਦਾ ਜਾਇਜ਼ਾ ਲੈਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਸੰਸਥਾ ਦਾ ਉਦੇਸ਼ ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ ਯਕੀਨੀ ਬਣਾਉਣਾ ਏ। ਉਨ੍ਹਾਂ ਕਿਹਾ ਕਿ ਇਹ ਸੰਸਥਾ 21.41 ਏਕੜ ਰਕਬੇ ਵਿੱਚ 418.30 ਕਰੋੜ ਰੁਪਏ ਦੀ ਲਾਗਤ ਨਾਲ ਬਣੇਗੀ ਅਤੇ ਇਸ ਨਾਲ 300 ਬਿਸਤਰਿਆਂ ਦਾ ਮੈਡੀਕਲ ਕਾਲਜ ਵੀ ਹੋਵੇਗਾ, ਜਿਸ ਵਿੱਚ ਮੈਡੀਕਲ ਵਿਦਿਆਰਥੀਆਂ ਲਈ ਸਾਲਾਨਾ 150 ਸੀਟਾਂ ਹੋਣਗੀਆਂ। ਮੁੱਖ ਮੰਤਰੀ ਨੇ ਕਿਹਾ ਕਿ ਇਸ ਮੌਜੂਦਾ ਮੈਡੀਕਲ ਹਸਪਤਾਲ ਕੈਂਪਸ ਹੁਸ਼ਿਆਰਪੁਰ ਵਿੱਚ ਅਤਿ-ਆਧੁਨਿਕ ਹਸਪਤਾਲ ਵਿੱਚ ਦੋ ਬੇਸਮੈਂਟਾਂ, ਗਰਾਊਂਡ ਤੇ ਅੱਠ ਮੰਜ਼ਿਲਾਂ ਹੋਣਗੀਆਂ। ਉਨ੍ਹਾਂ ਕਿਹਾ ਕਿ ਕੰਢੀ ਖ਼ੇਤਰ ਦੇ ਵਾਸੀਆਂ ਨੂੰ ਮਿਆਰੀ ਸਿਹਤ ਸਹੂਲਤਾਂ ਮੁਹੱਈਆ ਕਰਨੀਆਂ ਸਮੇਂ ਦੀ ਲੋੜ ਏ।

---------------------------------------------------

ਸੂਬੇ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਚਲਾਈ ਜਾ ਰਹੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਨੂੰ ਲਗਾਤਾਰ 11 ਵੇਂ ਦਿਨ ਜਾਰੀ ਰੱਖਦਿਆਂ ਪੰਜਾਬ ਪੁਲਿਸ ਨੇ ਬੀਤੇ ਕੱਲ੍ਹ 580 ਥਾਵਾਂ ’ਤੇ ਛਾਪੇਮਾਰੀ ਕੀਤੀ ਜਿਸ ਦੌਰਾਨ ਸੂਬੇ ਭਰ ਵਿੱਚ 110 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ 68 ਐਫਆਈਆਰ ਦਰਜ ਕੀਤੀਆਂ ਨੇ । ਇਸ ਨਾਲ ਸਿਰਫ਼ 11 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 1540 ਹੋ ਗਈ ਏ। ਪੁਲਿਸ ਟੀਮਾਂ ਨੇ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੇ ਕਬਜ਼ੇ ਵਿੱਚੋਂ 2.8 ਕਿਲੋ ਹੈਰੋਇਨ, 500 ਗ੍ਰਾਮ ਅਫੀਮ, 10 ਹਜ਼ਾਰ 904 ਨਸ਼ੀਲੀਆਂ ਗੋਲੀਆਂ ਤੇ ਟੀਕੇ ਅਤੇ 2.88 ਲੱਖ ਰੁਪਏ ਦੀ ਡਰੱਗ ਮਨੀ ਵੀ ਬਰਾਮਦ ਕੀਤੀ ਏ। ਪੰਜਾਬ ਦੇ ਡੀਜੀਪੀ ਗੌਰਵ ਯਾਦਵ ਦੇ ਨਿਰਦੇਸ਼ਾਂ ’ਤੇ ਇਹ ਕਾਰਵਾਈ ਸੂਬੇ ਦੇ ਸਾਰੇ 28 ਪੁਲਿਸ ਜ਼ਿਲ੍ਹਿਆਂ ਵਿੱਚ ਇੱਕੋ ਸਮੇਂ ਕੀਤੀ ਗਈ ਏ। ਵਿਸ਼ੇਸ਼ ਡੀਜੀਪੀ ਕਾਨੂੰਨ ਅਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਦੱਸਿਆ ਕਿ 107 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 1600 ਤੋਂ ਵੱਧ ਪੁਲਿਸ ਕਰਮਚਾਰੀਆਂ ਵਾਲੀਆਂ 220 ਤੋਂ ਵੱਧ ਪੁਲਿਸ ਟੀਮਾਂ ਨੇ ਸੂਬੇ ਭਰ ਵਿੱਚ ਛਾਪੇਮਾਰੀ ਕੀਤੀ ਅਤੇ ਦਿਨ ਭਰ ਚਲੇ ਇਸ ਆਪ੍ਰੇਸ਼ਨ ਦੌਰਾਨ 631 ਸ਼ੱਕੀ ਵਿਅਕਤੀਆਂ ਦੀ ਜਾਂਚ ਵੀ ਕੀਤੀ ਏ।

------------------------------------------

ਪੰਜਾਬ ਵਿਧਾਨ ਸਭਾ ਨੇ 1947 ਤੋਂ ਲੈ ਕੇ ਹੁਣ ਤੱਕ ਵਿਧਾਨ ਸਭਾ ਦੀਆਂ ਬਹਿਸਾਂ ਅਤੇ ਕਾਰਵਾਈਆਂ ਤੱਕ ਪਹੁੰਚ ਕਰਨ ਲਈ ਸਰਚ ਇੰਜਣ ਲਾਂਚ ਕੀਤਾ ਏ। ਇਸ ਪਹਿਲਕਦਮੀ ਨਾਲ, ਰਾਜ ਵਿਧਾਨ ਸਭਾ ਦੇਸ਼ ਦੀ ਪਹਿਲੀ ਵਿਧਾਨ ਸਭਾ ਬਣ ਗਈ ਏ ਜਿਸ ਨੇ ਅਜਿਹਾ ਪ੍ਰੋਜੈਕਟ ਸ਼ੁਰੂ ਕੀਤਾ ਏ। ਸਰਚ ਇੰਜਣ ਲਾਂਚ ਕਰਦੇ ਹੋਏ, ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਇਹ ਕਿਸੇ ਵੀ ਵਿਸ਼ੇ ਦੀ ਖੋਜ ਕਰਨ ਅਤੇ ਬਹਿਸਾਂ ਅਤੇ ਕਾਰਵਾਈਆਂ ਤੋਂ ਕਿਸੇ ਵੀ ਤੱਥ ਨੂੰ ਲੱਭਣ ਵਿੱਚ ਸਹਾਇਤਾ ਕਰੇਗਾ। Mਉਨ੍ਹਾਂ ਕਿਹਾ ਕਿ ਵਿਧਾਇਕਾਂ ਦੀ ਸਹੂਲਤ ਲਈ ਇੱਕ ਪੂਰਾ ਹੱਲ ਤਿਆਰ ਕੀਤਾ ਗਿਆ ਏ। ਇਸ ਲਈ ਵਿਧਾਇਕਾਂ ਅਤੇ ਹੋਰ ਵਿਭਾਗਾਂ ਨੂੰ ਨਿਯਮਤ ਸਿਖਲਾਈ ਵੀ ਦਿੱਤੀ ਜਾਵੇਗੀ। ਇਹ ਸਰਚ ਇੰਜਣ ਪੰਜਾਬੀ ਯੂਨੀਵਰਸਿਟੀ ਪਟਿਆਲਾ, I I T (ਆਈ.ਆਈ.ਆਈ.ਆਈ.ਟੀ) ਹੈਦਰਾਬਾਦ ਅਤੇ (C D A C , Noida) ਸੀ.ਡੀ.ਏ.ਸੀ. ਨੋਇਡਾ ਦੇ ਸਹਿਯੋਗ ਨਾਲ ਵਿਕਸਤ ਕੀਤਾ ਗਿਆ ਏ।